ਸੋਰਠਿ ਮਹਲਾ ੫ ॥
sorath mehalaa 5 |
Sorat'h, Fifth Mehl:

ਅਬਿਨਾਸੀ ਜੀਅਨ ਕੋ ਦਾਤਾ ਸਿਮਰਤ ਸਭ ਮਲੁ ਖੋਈ ॥
abinaasee jeean ko dhaathaa simarath sabh mal khoee |
He is imperishable, the Giver of all beings; meditating on Him, all filth is removed.
ਹੇ ਭਾਈ! ਉਸ ਪਰਮਾਤਮਾ ਦਾ ਸਿਮਰਨ ਕੀਤਿਆਂ (ਮਨ ਤੋਂ ਵਿਕਾਰਾਂ ਦੀ) ਸਾਰੀ ਮੈਲ ਲਹਿ ਜਾਂਦੀ ਹੈ ਜੋ ਨਾਸ-ਰਹਿਤ ਹੈ, ਤੇ, ਜੋ ਸਾਰੇ ਜੀਵਾਂ ਨੂੰ ਦਾਤਾਂ ਦੇਣ ਵਾਲਾ ਹੈ ।

ਗੁਣ ਨਿਧਾਨ ਭਗਤਨ ਕਉ ਬਰਤਨਿ ਬਿਰਲਾ ਪਾਵੈ ਕੋਈ ॥੧॥
gun nidhaan bhagathan ko barathan biralaa paavai koee |1|
He is the treasure of excellence, the object of His devotees, but rare are those who find Him. ||1||
ਉਹ ਪ੍ਰਭੂ ਸਾਰੇ ਗੁਣਾਂ ਦਾ ਖ਼ਜ਼ਾਨਾ ਹੈ, ਭਗਤਾਂ ਵਾਸਤੇ ਹਰ ਵੇਲੇ ਦਾ ਸਹਾਰਾ ਹੈ । ਪਰ ਕੋਈ ਵਿਰਲਾ ਮਨੁੱਖ ਉਸ ਦਾ ਮਿਲਾਪ ਹਾਸਲ ਕਰਦਾ ਹੈ ।੧।

ਮੇਰੇ ਮਨ ਜਪਿ ਗੁਰ ਗੋਪਾਲ ਪ੍ਰਭੁ ਸੋਈ ॥
maerae man jap gur gopaal prabh soee |
O my mind, meditate on the Guru, and God, the Cherisher of the world.
ਹੇ ਮੇਰੇ ਮਨ! ਉਸ ਪ੍ਰਭੂ ਨੂੰ ਜਪਿਆ ਕਰੋ ਜੋ ਸਭ ਤੋਂ ਵੱਡਾ ਹੈ, ਜੋ ਸ੍ਰਿਸ਼ਟੀ ਦਾ ਪਾਲਣ ਵਾਲਾ ਹੈ,

ਜਾ ਕੀ ਸਰਣਿ ਪਇਆਂ ਸੁਖੁ ਪਾਈਐ ਬਾਹੁੜਿ ਦੂਖੁ ਨ ਹੋਈ ॥੧॥ ਰਹਾਉ ॥
jaa kee saran paeiaa sukh paaeeai baahurr dhookh n hoee |1| rehaao |
Seeking His Sanctuary, one finds peace, and he shall not suffer in pain again. ||1||Pause||
ਜਿਸ ਦਾ ਆਸਰਾ ਲਿਆਂ ਸੁਖ ਪ੍ਰਾਪਤ ਕਰ ਲਈਦਾ ਹੈ, ਫਿਰ ਕਦੇ ਦੁੱਖ ਨਹੀਂ ਵਿਆਪਦਾ ।੧।ਰਹਾਉ।

ਵਡਭਾਗੀ ਸਾਧਸੰਗੁ ਪਰਾਪਤਿ ਤਿਨ ਭੇਟਤ ਦੁਰਮਤਿ ਖੋਈ ॥
vaddabhaagee saadhasang paraapath thin bhaettath dhuramath khoee |
By great good fortune, one obtains the Saadh Sangat, the Company of the Holy. Meeting them, evil-mindedness is eliminated.
ਹੇ ਭਾਈ! ਵੱਡੀ ਕਿਸਮਤਿ ਨਾਲ ਭਲੇ ਮਨੁੱਖਾਂ ਦੀ ਸੰਗਤਿ ਹਾਸਲ ਹੁੰਦੀ ਹੈ, ਉਹਨਾਂ ਨੂੰ ਮਿਲਿਆਂ ਖੋਟੀ ਬੁੱਧ ਨਾਸ ਹੋ ਜਾਂਦੀ ਹੈ ।

ਤਿਨ ਕੀ ਧੂਰਿ ਨਾਨਕੁ ਦਾਸੁ ਬਾਛੈ ਜਿਨ ਹਰਿ ਨਾਮੁ ਰਿਦੈ ਪਰੋਈ ॥੨॥੫॥੩੩॥
thin kee dhoor naanak dhaas baashai jin har naam ridhai paroee |2|5|33|
Slave Nanak yearns for the dust of the feet of those, who have woven the Lord's Name into their hearts. ||2||5||33||
ਦਾਸ ਨਾਨਕ (ਭੀ) ਉਹਨਾਂ ਦੇ ਚਰਨਾਂ ਦੀ ਧੂੜ ਮੰਗਦਾ ਹੈ, ਜਿਨ੍ਹਾਂ ਨੇ ਪਰਮਾਤਮਾ ਦਾ ਨਾਮ ਆਪਣੇ ਹਿਰਦੇ ਵਿਚ ਪ੍ਰੋ ਰੱਖਿਆ ਹੈ ।੨।੫।੩੩।

Created By SikhiToTheMAX II